**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।**

ਹੁਕਮ ਨੰ: 7/16-15 (ਕੋ:ਸੈਲ 3 )
ਮਿਤੀ, ਐਸ.ਏ.ਐਸ.ਨਗਰ :- 01-10-15

ਸ਼੍ਰੀ ਪਰਵਿੰਦਰ ਸਿੰਘ, ਸ.ਸ. ਮਾਸਟਰ, ਸ.ਹ.ਸ ਭਰਪੂਰ ਗੜ੍ਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਜੋ ਮਿਤੀ 01-02-2013 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: ਇੰਕੋ-2/ਫਗਸ (1)/2013/18589-91 ਮਿਤੀ 28-11-13/ 10-12-13 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਦੀ ਧਾਰਾ 5 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀ ਪਰਵਿੰਦਰ ਸਿੰਘ, ਸ.ਸ. ਮਾਸਟਰ, ਸ.ਹ.ਸ ਭਰਪੂਰ ਗੜ੍ਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਡੀ.ਜੀ.ਐਸ.ਈ. ਦੇ ਪੱਤਰ ਨੰ: ਇੰਕੋ-2/2013/ਫਗਸ (2)/728-29 ਮਿਤੀ 20-01-14/21-01-14 ਜ਼ਿ:ਸਿ:ਅ, ਫਤਹਿਗੜ੍ਹ ਸਾਹਿਬ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰੀ ਵਿਰੁੱਧ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀ ਪਰਵਿੰਦਰ ਸਿੰਘ, ਸ.ਸ. ਮਾਸਟਰ, ਸ.ਹ.ਸ ਭਰਪੂਰ ਗੜ੍ਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਡੀ.ਜੀ.ਐਸ.ਈ ਵਲੋਂ ਪਬਲਿਕ ਨੋਟਿਸ ਦਿੱਤਾ ਗਿਆ। ਇਹ ਪਬਲਿਕ ਨੋਟਿਸ ਮਿਤੀ 04-03-15 ਨੂੰ ਹਿੰਦੁਸਤਾਨ ਟਾਈਮਜ਼ ਅਖਬਾਰ ਵਿਚ ਪਬਲਿਕ ਨੋਟਿਸ ਦਿੱਤਾ ਗਿਆ ਅਤੇ ਕਰਮਚਾਰੀ ਦੇ ਨਾਂ ਸਬੰਧੀ ਸੋਧ ਮਿਤੀ 20-08-15 ਨੂੰ "ਦ ਟ੍ਰਿਬਿਊਨ" ਅਖਬਾਰ ਵਿਚ ਦਿੱਤਾ ਗਿਆ। ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰੀ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀ ਪਰਵਿੰਦਰ ਸਿੰਘ, ਸ.ਸ. ਮਾਸਟਰ, ਸ.ਹ.ਸ ਭਰਪੂਰ ਗੜ੍ਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 01-02-2013 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 19064-67 ਮਿਤੀ, ਐਸ.ਏ.ਐਸ.ਨਗਰ : 9/10/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਫਤਹਿਗੜ੍ਹ ਸਾਹਿਬ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. (ਰਜਿਸਟਰਡ) ਮੁੱਖ ਅਧਿਆਪਕ, ਸ.ਹ.ਸ ਭਰਪੂਰ ਗੜ੍ਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਨੂੰ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ।
4. ਸ਼੍ਰੀ ਪਰਵਿੰਦਰ ਸਿੰਘ, ਸ.ਸ. ਮਾਸਟਰ, ਸ.ਹ.ਸ ਭਰਪੂਰ ਗੜ੍ਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ